# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 05-05-2024**

ਲੋਕ ਸਭ ਚੋਣਾਂ ਦੇ ਤੀਜੇ ਪੜਾਅ ਦੇ ਪ੍ਰਚਾਰ ਦਾ ਅੱਜ ਆਖਰੀ ਦਿਨ ਏ। ਇਸ ਪੜਾਅ ਵਿੱਚ ਚੋਣ ਪ੍ਰਚਾਰ ਅੱਜ ਸ਼ਾਮ ਸਮਾਪਤ ਹੋਵੇਗਾ। ਸੱਤ ਮਈ ਨੂੰ 10 ਰਾਜਾਂ ਅਤੇ ਇੱਕ ਕੇਂਦਰ ਸ਼ਾਸਤ ਪ੍ਰਦੇਸ਼ ਦੀਆਂ 93 ਸੀਟਾਂ ਲਈ ਵੋਟਿੰਗ ਹੋਵੇਗੀ। ਸਾਰੀਆਂ ਸਿਆਸੀ ਪਾਰਟੀਆਂ ਦੇ ਨੇਤਾ, ਆਪੋ - ਆਪਣੇ ਉਮੀਦਵਾਰਾਂ ਦੇ ਪੱਖ ਵਿੱਚ ਵੋਟਰਾਂ ਨੂੰ ਲੁਭਾਉਣ ਦੇ ਹਰ ਸੰਭਵ ਉਪਰਾਲੇ ਕਰ ਰਹੇ ਨੇ।

---------------------------------------------------------------

ਜਲੰਧਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸੁਸ਼ੀਲ ਕੁਮਾਰ ਰਿੰਕੂ ਨੇ ਕਿਹਾ ਏ, ਕਿ ਕੇਂਦਰ ਦੀ ਮੋਦੀ ਸਰਕਾਰ ਨੇ ਪਿਛਲੇ 10 ਸਾਲਾਂ ਵਿਚ, ਦੇਸ਼ ਵਿਚ ਉਦਯੋਗ ਨੂੰ ਪ੍ਰਫੁੱਲਤ ਕਰਨ ਵਿਚ ਅਹਿਮ ਯੋਗਦਾਨ ਪਾਇਆ ਏ, ਜਿਸ ਦੀ ਬਦੌਲਤ ਅੱਜ ਭਾਰਤ ਦਾ ਵਪਾਰਕ ਖੇਤਰ ਪਹਿਲਾਂ ਨਾਲੋਂ ਕਈ ਗੁਣਾ ਵੱਧ ਗਿਆ ਏ। ਭਾਰਤੀ

ਉਤਪਾਦ ਦੇਸ਼-ਵਿਦੇਸ਼ ਦੇ ਅੰਦਰ ਨਿਰਯਾਤ ਕੀਤੇ ਜਾ ਰਹੇ ਨੇ, ਜਿਸ ਨਾਲ ਦੁਨੀਆਂ ਪੱਧਰ 'ਤੇ ਇਨ੍ਹਾਂ ਉਤਪਾਦਾਂ ਦੀ ਸਾਖ ਬਹੁਤ ਏ। ਉਹ ਕੱਲ ਐਨ. ਆਈ. ਟੀ. ਜਲੰਧਰ ਵਿਖੇ ਖੇਡ ਉਦਯੋਗ ਨਾਲ ਸਬੰਧਤ ਲਗਾਈ ਪ੍ਰਦਰਸ਼ਨੀ ਵਿੱਚ ਭਾਗ ਲੈ ਰਹੇ ਸਨ, ਜਿੱਥੇ ਉਨ੍ਹਾਂ ਨੇ ਜਲੰਧਰ ਦੇ ਖੇਡ ਉਦਯੋਗ ਬਾਰੇ ਚਰਚਾ ਕੀਤੀ। ਸੁਸ਼ੀਲ ਕੁਮਾਰ ਰਿੰਕੂ ਨੇ ਕਿਹਾ ਕਿ ਜਲੰਧਰ ਖੇਡ ਜਗਤ ਦਾ ਕੇਂਦਰ ਬਿੰਦੂ ਰਿਹਾ ਏ ਅਤੇ ਐਮ.ਪੀ ਬਣਨ ਤੋਂ ਬਾਅਦ ਉਹ, ਜਲੰਧਰ ਨੂੰ ਖੇਡ ਸਨਅਤ ਵਿਚ ਮੁੜ ਸਥਾਪਿਤ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੇ ਤੇ ਖੇਡ ਉਦਯੋਗ ਦੀਆਂ ਜਿਹੜੀਆਂ ਵੀ ਮੰਗਾਂ ਨੇ, ਉਨ੍ਹਾਂ ਨੂੰ ਪੂਰਾ ਕਰਵਾਉਣਗੇ। ਉਨ੍ਹਾਂ ਕਿਹਾ ਕਿ ਕੇਂਦਰ ਦੀ BJP ਸਰਕਾਰ ਵੱਲੋਂ ਪਿਛਲੇ 10 ਸਾਲਾਂ ਵਿੱਚ ਕੀਤੇ ਕੰਮਾਂ ਤੋਂ ਅੱਜ ਪੂਰਾ ਦੇਸ਼ ਖੁਸ਼ ਏ ਅਤੇ ਉਦਯੋਗ ਤੇ ਵਪਾਰ ਜਗਤ ਵਿਸ਼ੇਸ਼ ਤੌਰ 'ਤੇ ਕੇਂਦਰ ਸਰਕਾਰ ਦੇ ਹੱਕ ਵਿੱਚ ਨੇ ਕਿਉਂਕਿ ਦੇਸ਼ ਦੇ ਉਦਯੋਗਾਂ ਨੂੰ ਵਿਦੇਸ਼ਾਂ ਵਿੱਚ ਆਪਣੇ ਕਾਰੋਬਾਰ ਨੂੰ ਉਤਸ਼ਾਹਿਤ ਕਰਨ ਅਤੇ ਦੇਸ਼ ਵਿੱਚ ਆਪਣੇ ਕਾਰੋਬਾਰ ਨੂੰ ਨਵੀਆਂ ਬੁਲੰਦੀਆਂ 'ਤੇ ਲਿਜਾਣ ਦੇ ਮੌਕੇ ਮਿਲੇ ਨੇ।

---------------------------------------------------

ਮੁਹਾਲੀ ਜ਼ਿਲ੍ਹਾ ਚੋਣ ਅਫਸਰ ਆਸ਼ਿਕਾ ਜੈਨ ਦੀ ਅਗਵਾਈ ਵਿੱਚ ਜ਼ਿਲ੍ਹਾ ਸਵੀਪ ਟੀਮ ਵੱਲੋਂ ਵੱਖ-ਵੱਖ ਵਿਦਿਅਕ ਸੰਸਥਾਵਾਂ ਅਤੇ ਐਨ ਜੀ ਓਜ਼ ਦੇ

ਸਹਿਯੋਗ ਨਾਲ, ਬੂਥ ਪੱਧਰ ਉੱਪਰ ਹਰ ਰੋਜ਼ ਵੱਡੇ ਪੱਧਰ ਤੇ ਸਵੀਪ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਨੇ ਤਾਂ ਜੋ ਲੋਕ ਸਭਾ ਚੋਣਾਂ 2024 ਵਿੱਚ ਵੋਟਰ ਫ਼ੀਸਦ 80 ਫ਼ੀਸਦੀ ਤੋਂ ਵੱਧ ਹੋ ਸਕੇ। ਕੱਲ ਜ਼ਿਲ੍ਹਾ ਨੋਡਲ ਅਫਸਰ ਸਵੀਪ ਪ੍ਰੋ ਗੁਰਬਖਸ਼ੀਸ਼ ਸਿੰਘ ਅਨਟਾਲ ਅਤੇ ਚੋਣ ਤਹਿਸੀਲਦਾਰ ਸੰਜੇ ਕੁਮਾਰ ਵੱਲੋਂ, ਸ਼ੋਸ਼ਲ ਲਾਈਫ ਹੈਲਪ ਐਂਡ ਕੇਅਰ ਫਾਊਂਡੇਸ਼ਨ ਦੇ ਸਹਿਯੋਗ ਨਾਲ ਜ਼ੀਰਕਪੁਰ ਦੇ ਮੈਟਰੋ ਪਲਾਜ਼ਾ ਨੇੜੇ ਮਿਉਂਸਪਲ ਪਾਰਕ ਵਿਖੇ ਵੋਟਰ ਰਜਿਸਟ੍ਰੇਸ਼ਨ ਦੇ ਆਖ਼ਰੀ ਦਿਨ 6ਵਾਂ ਵੋਟਰ ਰਜਿਸਟ੍ਰੇਸ਼ਨ ਕੈਂਪ ਲਾਇਆ ਗਿਆ। ਪ੍ਰੋ ਗੁਰਬਖ ਸ਼ੀਸ਼ ਸਿੰਘ ਨੇ ਚੋਣਾਂ ਨਾਲ ਸਬੰਧਤ ਵੱਖ-ਵੱਖ ਮੋਬਾਈਲ ਐਪਸ ਬਾਰੇ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਜ਼ਿਲ੍ਹੇ ਵਿਚ ਗੈਰ ਸਰਕਾਰੀ ਸੰਗਠਨਾਂ ਦੀ ਮਦਦ ਨਾਲ ਅੱਜ ਨੌਜਵਾਨਾਂ ਅਤੇ ਸੀਨੀਅਰ ਸਿਟੀਜਨ ਦੀਆਂ ਵੋਟਾਂ ਬਣਾਈਆਂ ਤੇ ਤਬਦੀਲ ਕੀਤੀਆਂ ਗਈਆਂ। ਫਾਊਂਡੇਸ਼ਨ ਦੇ ਚੈਅਰਮੈਨ ਡਾ ਕਰਨ ਕਾਮਰਾ ਨੇ ਦੱਸਿਆ ਕਿ ਸੰਸਥਾ ਵੱਲੋਂ 153 ਨਵੀਂਆਂ ਵੋਟਾਂ ਬਣਾਉਣ ਜਾਂ ਵੋਟ ਤਬਦੀਲ ਦੇ ਫਾਰਮ ਪ੍ਰਾਪਤ ਕੀਤੇ ਗਏ। ਇਸ ਕੈਂਪ ਦੌਰਾਨ ਵੋਟਰਾਂ ਵੱਜੋਂ ਰਜਿਸਟਰ ਹੋਣ ਵਾਲੇ ਯੋਗ ਵੋਟਰਾਂ ਨੂੰ ਡਿਪਟੀ ਕਮਿਸ਼ਨਰ ਦਫ਼ਤਰ ਵੱਲੋਂ ਕੈਪਸ ਅਤੇ ਚਾਬੀਆਂ ਦੇ ਛੱਲੇ ਵੀ ਤਕਸੀਮ ਕੀਤੇ ਗਏ।

---

ਓਧਰ ਫ਼ਰੀਦਕੋਟ ਜ਼ਿਲੇ ਅੰਦਰ ਵੋਟਰਾਂ ਨੂੰ ਵੋਟ ਦੇ ਹੱਕ ਦੀ ਵਰਤੋਂ ਲਈ ਉਤਸ਼ਾਹਿਤ ਕਰਨ ਵਾਸਤੇ, ਜ਼ਿਲਾ ਚੋਣ ਅਫ਼ਸਰ ਵਿਨੀਤ ਕੁਮਾਰ ਦੀ ਯੋਗ ਅਗਵਾਈ ਹੇਠ ਸਵੀਪ ਟੀਮ ਮੈਂਬਰ, ਜ਼ਿਲਾ ਰੈਡ ਕਰਾਸ ਸੀਨੀਅਰ ਸਿਟੀਜ਼ਨ ਵੈਲਫ਼ੇਅਰ ਕਲੱਬ ਫ਼ਰੀਦਕੋਟ ਦੇ ਦਫ਼ਤਰ ਪਹੁੰਚੇ । ਇਸ ਮੌਕੇ ਸਹਾਇਕ ਜ਼ਿਲਾ ਨੋਡਲ ਅਫ਼ਸਰ ਜਸਬੀਰ ਸਿੰਘ ਜੱਸੀ ਨੇ ਕਲੱਬ ਦੇ ਆਹੁਦੇਦਾਰਾਂ ਅਤੇ ਮੈਂਬਰਾਂ ਨੂੰ ਦੱਸਿਆ ਕਿ ਪਹਿਲੀ ਜੂਨ ਨੂੰ ਲੋਕ ਸਭਾ ਚੋਣਾਂ 'ਚ ਬਿਨ੍ਹਾਂ ਡਰ, ਭੈ, ਲਾਲਚ ਦੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕੀਤੀ ਜਾਵੇ । ਇਸ ਦੇ ਨਾਲ ਹੀ ਸਾਰੇ ਸੀਨੀਅਰ ਸਿਟੀਜ਼ਨ ਆਪਣੇ ਪਰਿਵਾਰਕ ਮੈਂਬਰਾਂ ਨੂੰ ਵੋਟ ਦੇ ਹੱਕ ਲਈ ਉਤਸ਼ਾਹਿਤ ਕਰਨ । ਉਨ੍ਹਾਂ ਕਿਹਾ 'ਇਸ ਵਾਰੀ ਵੋਟਿੰਗ 70 ਫੀਸਦੀ ਪਾਰ' ਵਾਸਤੇ ਸਾਰੇ ਸੀਨੀਅਰ ਸਿਟੀਜ਼ਨ ਆਪਣੇ ਸੰਪਰਕ 'ਚ ਆਉਣ ਵਾਲੇ ਲੋਕਾਂ ਨੂੰ ਵੀ ਵੋਟ ਦੇ ਅਧਿਕਾਰ ਲਈ ਜਾਗਰੂਕ ਕਰਨ ਲਈ ਸਹਿਯੋਗ ਦੇਣ । ਉਨ੍ਹਾਂ ਦੱਸਿਆ ਕਿ ਇਸ ਵਾਰ 85 ਸਾਲ ਤੋਂ ਵੱਧ ਉਮਰ ਦੇ ਵੋਟਰ ਜੇਕਰ ਚਾਹੁਣ ਤਾਂ ਘਰ ਬੈਠ ਕੇ ਵੀ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰ ਸਕਦੇ ਨੇ । ਕਲੱਬ ਦੇ ਪ੍ਰਧਾਨ ਦਰਸ਼ਨ ਲਾਲ ਚੁੱਘ ਨੇ ਦੱਸਿਆ ਕਿ ਜਲਦ ਹੀ ਮੀਟਿੰਗ ਕਰਕੇ

ਇੱਕ ਜਾਗਰੂਕਤਾ ਸਮਾਗਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਲੋਕਤੰਤਰ ਦੀ ਸ਼ਾਨ ਵਧਾਉਣ ਵਾਸਤੇ ਕਲੱਬ ਪੂਰੀ ਸਹਿਰਦਤਾ ਨਾਲ ਸਹਿਯੋਗ ਕਰੇਗਾ।

----------------------------------------------------------------

ਸ੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਚੋਣ ਅਫ਼ਸਰ ਹਰਪ੍ਰੀਤ ਸਿੰਘ ਸੂਦਨ ਨੇ ਕਿਹਾ ਏ ਕਿ ਜਿਨ੍ਹਾਂ ਕਰਮਚਾਰੀਆਂ ਦੀ ਡਿਊਟੀ ਚੋਣ ਪ੍ਰਕਿਰਿਆ ਵਿਚ ਲੱਗੀ ਏ ਉਹ, ਆਪਣੀ ਸਰਕਾਰੀ ਨੌਕਰੀ ਦੇ ਹਿੱਸੇ ਵਜੋਂ ਇਸ ਡਿਊਟੀ ਨੂੰ ਤਨਦੇਹੀ, ਲੋਕਤੰਤਰ ਪ੍ਰਤੀ ਸੱਚੀ ਨਿਸ਼ਠਾ ਤੇ ਪੂਰੀ ਨਿਰਪੱਖਤਾ ਨਾਲ ਕਰਨ ਅਤੇ ਡਿਊਟੀ ਕਟਵਾਉਣ ਲਈ, ਉਨ੍ਹ ਦੇ ਦਫ਼ਤਰ ਤੱਕ ਪਹੁੰਚ ਨਾ ਕਰਨ। ਉਨ੍ਹਾਂ ਨੇ ਕਿਹਾ ਕਿ ਚੋਣ ਡਿਊਟੀ ਵਿਚ ਅਣਗਹਿਲੀ ਕਰਮਚਾਰੀ ਦੇ ਸੇਵਾ ਨਿਯਮਾਂ ਵਿਚ ਗੰਭੀਰ ਕੁਤਾਹੀ ਮੰਨੀ ਜਾਂਦੀ ਏ ਇਸ ਲਈ ਕੋਈ ਵੀ ਚੋਣ ਡਿਊਟੀ ਤੋਂ ਗੈਰ ਹਾਜਰ ਨਾ ਹੋਵੇ। ਉਨ੍ਹਾਂ ਨੇ ਕਿਹਾ ਕਿ ਪੁਰਸ਼ ਕਰਮਚਾਰੀਆਂ ਦੀ ਡਿਊਟੀ ਕਿਸੇ ਵੀ ਹਾਲਤ ਵਿਚ ਕੱਟੀ ਨਹੀਂ ਜਾਵੇਗੀ ਪਰ ਫਿਰ ਵੀ ਅਸਧਾਰਨ ਸਥਿਤੀਆਂ ਵਿਚ ਮਹਿਲਾ ਕਰਮਚਾਰੀਆਂ ਜੋ ਗੰਭੀਰ ਬਿਮਾਰੀ ਤੋਂ ਪੀੜਤ ਹੋਣ ਜਾਂ ਜਿੰਨ੍ਹਾਂ ਦੇ ਬੱਚੇ ਦੀ ਉਮਰ ਸਿਰਫ ਕੁਝ ਮਹੀਨੇ ਤੱਕ ਹੀ ਏ, ਦੇ ਮਾਮਲੇ ਵਿਚ

ਸਹਾਇਕ ਰਿਟਰਨਿੰਗ ਅਫ਼ਸਰ ਦੇ ਪੱਧਰ ਤੇ ਅਜਿਹੇ ਕਿਸੇ ਮਾਮਲੇ ਤੇ ਵਿਚਾਰ ਕਰਨਯੋਗ ਹੋਵੇਗਾ।

---------------------------------------------------------------

ਪਟਿਆਲਾ ਜ਼ਿਲੇ 'ਚ ਭਵਾਨੀਗੜ੍ਹ ਨੇੜਲੇ ਪਿੰਡ ਰਾਮਗੜ੍ਹ ਦੇ ਖੇਤਾਂ 'ਚ ਲੱਗੀ ਭਿਆਨਕ ਅੱਗ ਕਾਰਨ, ਦੋ ਦਰਜਨ ਕਿਸਾਨਾਂ ਦਾ ਕਰੀਬ 300-400 ਏਕੜ ਨਾੜ ਤੇ ਇਕ ਕਿਸਾਨ ਦੀ ਕਰੀਬ 400 ਤੋਂ 500 ਟਰਾਲੀ ਤੂੜੀ ਸੜ ਗਈ। ਉੱਥੇ ਹੀ, ਖੇਤਾਂ ਨੇੜੇ ਬਾੜੇ 'ਚ ਖੜ੍ਹੀਆਂ ਕਰੀਬ 50 ਭੇਡ-ਬੱਕਰੀਆਂ ਵੀ ਇਸ ਭਿਆਨਕ ਅੱਗ ਦੀ ਲਪੇਟ ਆ ਜਾਣ ਕਾਰਨ ਜਿਉਦੀਆਂ ਸੜ ਗਈਆਂ। ਪਿੰਡ ਵਾਸੀਆਂ ਨੇ ਖਦਸ਼ਾ ਜ਼ਾਹਿਰ ਕਰਦਿਆਂ ਕਿਹਾ ਕਿ ਬਿਜਲੀ ਦੀਆਂ ਤਾਰਾਂ ਦੀ ਸਪਾਰਕਿੰਗ ਕਾਰਨ ਅੱਗ ਲੱਗੀ ਹੋ ਸਕਦੀ ਏ। ਪਿੰਡ ਵਾਸੀਆਂ ਨੇ ਆਪਣੇ ਪੱਧਰ 'ਤੇ ਟਰੈਕਟਰਾਂ ਜਾਂ ਮੌਕੇ 'ਤੇ ਹੋਰ ਸਾਧਨਾਂ ਰਾਹੀਂ ਅੱਗ 'ਤੇ ਕਾਬੂ ਪਾਉਣ ਦੇ ਯਤਨ ਸ਼ੁਰੂ ਕੀਤੇ। ਹਾਲਾਂਕਿ ਅੱਗ ਲੱਗਣ ਦੀ ਸੂਚਨਾ ਮਿਲਣ ਤੋਂ ਬਾਅਦ ਮੌਕੇ 'ਤੇ ਪਹੁੰਚੀ ਫਾਇਰ ਬ੍ਰਿਗੇਡ ਨੇ ਅੱਗ 'ਤੇ ਕਾਬੂ ਪਾਇਆ ਪਰ ਉਦੋਂ ਤਕ ਕਾਫੀ ਜ਼ਿਆਦਾ ਨੁਕਸਾਨ ਹੋ ਚੁੱਕਾ ਸੀ। ਏਧਰ ਕਪੂਰਥਲਾ ਜ਼ਿਲੇ ਦੇ ਪਿੰਡ ਭਦਾਸ ਨੇੜੇ ਖੇਤਾਂ ’ਚ ਲਾਈ ਗਈ ਅੱਗ ਕਾਰਨ ਸੜਕ ਉਤੇ ਜਾ ਰਹੇ ਇਕ ਨੌਜਵਾਨ ਦੀ ਮੌਤ ਹੋ ਗਈ। ਮਿਲੀ ਜਾਣਕਾਰੀ ਅਨੁਸਾਰ ਖੇਤ

ਵਿਚ ਨਾੜ ਨੂੰ ਲਾਈ ਅੱਗ ਦੇ ਧੂਏਂ ਕਾਰਨ ਮੋਟਰ-ਸਾਈਕਲ ਸਵਾਰ ਨੌਜਵਾਨ ਖੇਤ ਵਿੱਚ ਜਾ ਡਿੱਗਿਆ ਤੇ ਬੁਰੀ ਤਰ੍ਹਾਂ ਝੁਲਸਣ ਕਾਰਨ ਉਸਦੀ ਮੌਤ ਹੋ ਗਈ । ਮ੍ਰਿਤਕ ਦੀ ਪਹਿਚਾਣ ਬੇਗੋਵਾਲ ਵਾਰਡ ਨੰਬਰ 3 ਵਾਸੀ ਗੁਰਵਿੰਦਰ ਸਿੰਘ ਵਜੋਂ ਹੋਈ ਏ ।